ਅਤਿ-ਜ਼ਰੂਰੀ
ਸਮਾਂ ਬੱਧ
202673450
11/6/2026
ਫ-6

ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ
ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਐਸ.ਏ.ਐਸ.ਨਗਰ,ਮੋਹਾਲੀ
ਈਮੇਲ: directorscert@punjabeducation.gov.in,ਫੋਨ ਨੰ: 0172-2212221

ਵੱਲ

ਸਮੂਹ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)
ਪੰਜਾਬ।

ਮੀਮੋ ਨੰ: ੫੭।/੭੮੪/2026
ਮਿਤੀ- 01.06.2026

ਵਿਸ਼ਾ: ਨੈਸ਼ਨਲ ਯੋਗਾ ਓਲੰਪਿਆਡ–2026 ਅਤੇ 12ਵੇਂ ਅੰਤਰਰਾਸ਼ਟਰੀ ਯੋਗਾ ਦਿਵਸ ਸਬੰਧੀ ਗਤੀਵਿਧੀਆਂ ਕਰਵਾਉਣ ਸਬੰਧੀ।

1.0 ਉਪਰੋਕਤ ਵਿਸ਼ੇ ਸੰਬੰਧੀ ਦੱਸਣਯੋਗ ਹੈ ਕਿ NCERT ਵੱਲੋਂ ਨੈਸ਼ਨਲ ਯੋਗਾ ਓਲੰਪਿਆਡ–2026 ਸਬੰਧੀ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ। ਇਨ੍ਹਾਂ ਹਦਾਇਤਾਂ ਅਨੁਸਾਰ ਆਨਲਾਈਨ ਯੋਗਾ ਕਵਿਜ਼ ਮੁਕਾਬਲਾ ਮਿਤੀ 15 ਜੂਨ ਤੋਂ 18 ਜੂਨ 2026 ਤੱਕ "National Yoga Olympiad Portal" ਰਾਹੀਂ ਕਰਵਾਇਆ ਜਾਵੇਗਾ।

2.0 ਇਸ ਕਵਿਜ਼ ਮੁਕਾਬਲੇ ਵਿੱਚ ਭਾਗ ਲੈਣ ਵਾਲੇ ਹਰ ਵਿਦਿਆਰਥੀ ਨੂੰ ਡਿਜ਼ੀਟਲ ਸਰਟੀਫਿਕੇਟ ਜਾਰੀ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹਰ ਪੱਧਰ 'ਤੇ ਪਹਿਲਾ, ਦੂਜਾ, ਤੀਜਾ ਅਤੇ ਚੌਥਾ ਸਥਾਨ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਮੇਰਿਟ ਸਰਟੀਫਿਕੇਟ ਵੀ ਪ੍ਰਦਾਨ ਕੀਤੇ ਜਾਣਗੇ।

3.0 ਇਸ ਸਬੰਧੀ ਆਪ ਨੂੰ ਲਿਖਿਆ ਜਾਂਦਾ ਹੈ ਕਿ ਆਪਣੇ ਅਧੀਨ ਆਉਂਦੇ ਸਕੂਲਾਂ ਨੂੰ ਹਦਾਇਤ ਕੀਤੀ ਜਾਵੇ ਕਿ ਵੱਧ ਤੋਂ ਵੱਧ ਵਿਦਿਆਰਥੀਆਂ ਦੀ ਆਨਲਾਈਨ ਯੋਗਾ ਕਵਿਜ਼ ਮੁਕਾਬਲੇ ਵਿੱਚ ਭਾਗੀਦਾਰੀ ਯਕੀਨੀ ਬਣਾਈ ਜਾਵੇ। ਆਨਲਾਈਨ ਮੁਕਾਬਲੇ ਵਿੱਚ ਭਾਗ ਲੈਣ ਲਈ ਵਿਦਿਆਰਥੀ/ਸਕੂਲ www.nyoncert.inਤੇ ਜਾ ਕੇ ਹੇਠ ਲਿਖੇ ਲਿੰਕ'ਤੇ ਰਜਿਸਟ੍ਰੇਸ਼ਨ ਕਰ ਸਕਦੇ ਹਨ:

https://www.nyoncert.in/registration2026/register.php (ਮਿਤੀ 02.06.2026 ਤੋਂ)

4.0 ਇਸ ਤੋਂ ਇਲਾਵਾ ਮਿਤੀ 21 ਜੂਨ 2026 ਨੂੰ ਮਨਾਏ ਜਾਣ ਵਾਲੇ 12ਵੇਂ ਅੰਤਰਰਾਸ਼ਟਰੀ ਯੋਗਾ ਦਿਵਸ ਮੌਕੇ ਮਿਡਲ ਸਟੇਜ ਦੇ ਵਿਦਿਆਰਥੀਆਂ ਲਈ ਯੋਗਾ ਸਬੰਧੀ ਪੇਂਟਿੰਗ/ਪੋਸਟਰ ਮੇਕਿੰਗ ਅਤੇ ਸਲੋਗਨ ਲਿਖਣ ਮੁਕਾਬਲੇ ਕਰਵਾਏ ਜਾਣ ਅਤੇ ਸੈਕੰਡਰੀ ਸਟੇਜ ਦੇ ਵਿਦਿਆਰਥੀਆਂ ਲਈ ਕਵਿਤਾ ਅਤੇ ਲੇਖ ਲਿਖਣ ਮੁਕਾਬਲੇ ਆਯੋਜਿਤ ਕੀਤੇ ਜਾਣ, ਤਾਂ ਜੋ ਵਿਦਿਆਰਥੀਆਂ ਵਿੱਚ ਯੋਗਾ ਪ੍ਰਤੀ ਰੁਚੀ ਅਤੇ ਜਾਗਰੂਕਤਾ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

5.0 ਉਕਤ ਆਨਲਾਈਨ ਕਵਿਜ਼ ਅਤੇ ਯੋਗਾ ਗਤੀਵਿਧੀਆਂ ਵਿੱਚ ਵੱਧ ਤੋਂ ਵੱਧ ਵਿਦਿਆਰਥੀਆਂ ਅਤੇ ਸਟਾਫ ਦੀਭਾਗੀਦਾਰੀ ਯਕੀਨੀ ਬਣਾਈ ਜਾਵੇ।

202 673455
11/6/2026


**ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ**

ਪੀ.ਐਸ.ਈ.ਬੀ. ਕੰਪਲੈਕਸ, ਵਿੱਦਿਆ ਭਵਨ, ਬਲਾਕ-ਈ, ਛੇਵੀਂ ਮੰਜਿਲ, ਫੇਜ਼-8, ਮੋਹਾਲੀ,

ਈਮੇਲ: directorscert@punjabeducation.gov.in, ਫੋਨ: 0172-2212221


ਵੱਲ

ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ/ਐ.ਸਿ.) ਪੰਜਾਬ।
- ਪੰਜਾਬ।

6.0 ਉਕਤ ਗਤੀਵਿਧੀਆਂ ਕਰਵਾਉਣ ਉਪਰੰਤ ਜ਼ਿਲ੍ਹਾ ਸਿੱਖਿਆ ਦਫ਼ਤਰ(ਸੈ.ਸਿ) ਦੁਆਰਾ ਨਾਲ ਨੱਥੀ ਪ੍ਰਫਾਰਮੇ ਅਨੁਸਾਰ ਰਿਪੋਰਟ ਸਮੇਤ ਫੋਟੋਆਂ ਤਿਆਰ ਕਰਕੇ ਮੁੱਖ ਦਫ਼ਤਰ ਨੂੰ ਮਿਤੀ 23.06.2026 ਤੱਕ ਭੇਜਣੀ ਯਕੀਨੀ ਬਣਾਈ ਜਾਵੇ।

~~ਕਿਰਨ ਸ਼ਰਮਾ, ਪੀ.ਸੀ.ਐਸ~~

ਡਾਇਰੈਕਟਰ, ਐਸ.ਸੀ.ਈ.ਆਰ.ਟੀ,ਪੰਜਾਬ।

ਪਿੱਠ ਅੰਕਣ ਨੰ. ਉਕਤ

ਮਿਤੀ-01.06.2026

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ ਸੂਚਨਾ ਅਤੇ ਯੋਗ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸਹਾਇਕ ਡਾਇਰੈਕਟਰ

ਐਸ.ਸੀ.ਈ.ਆਰ.ਟੀ, ਪੰਜਾਬ।

ਦਫ਼ਤਰ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ) ਬਠਿੰਡਾ

ਪਿੱਠ ਅੰਕਣ ਨੰ ਬ-6/2026/6056 ਮਿਤੀ 02/06/2026

ਉਪਰੋਕਤ ਅੰਕਿਤ ਵਿਸ਼ੇ ਦੇ ਸਬੰਧ ਵਿਚ ਸਮੂਹ ਸਕੂਲ ਮੁਖੀਆਂ ਨੂੰ ਲਿਖਿਆ ਜਾਂਦਾ ਹੈ ਕਿ 21 ਜੂਨ 2026 ਨੂੰ ਮਨਾਏ ਜਾਣ ਵਾਲੇ ਗਤੀਵਿਧੀਆਂ ਕਰਨੀ ਵੱਧ ਤੋਂ ਵੱਧ ਵਿਦਿਆਰਥੀਆਂ ਦੀ ਪੱਤਰ ਵਿਚ ਦਿੱਤੀ ਮਿਤੀ ਤੇ ਲੋੜੀਂਦੀ ਕਾਰਵਾਈ ਯਕੀਨੀ ਬਣਾਈ ਜਾਵੇ।

02/06/26

ਕ੍ਰਿਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿ)
ਬਠਿੰਡਾ

PIK
02/06/26

## Performa

| ਲੜੀ ਨੰ: | ਗਤੀਵਿਧੀਆਂ ਦਾ ਨਾਂ | ਭਾਗ ਲੈਣ ਵਾਲੇ ਸਕੂਲਾਂ ਦੀ ਗਿਣਤੀ | ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ |
|---|---|---|---|
| | | | |